ਦਫਤਰ ਜਿਲਾ ਮੈਜਿਸਟਰੇਟ, ਜਲੰਧਰ
Office of the District Magistrate
Jalandhar (Punjab)

No. ........................
Date ........................

Phone :0181-2224783(O)
:0181-2459664(R)
Fax :0181-2224727
Email: dc.jal@punjabmail.gov.in

## ਹੁਕਮ-

ਇਸ ਦਫਤਰ ਵੱਲੋਂ ਹੁਕਮ ਨੰਬਰ 3062-85/ਐਮ.ਸੀ.-4/ਐਮ.ਏ. ਮਿਤੀ 23-03-2020 ਰਾਹੀਂ ਜਿਲ੍ਹਾ ਜਲੰਧਰ ਦੀ ਹਦੂਦ ਅੰਦਰ ਲਗਾਇਆ ਗਿਆ ਸੀ। ਇਸ ਹੁਕਮ ਦੀ ਲਗਾਤਾਰਤਾ ਵਿੱਚ ਮੈਂ, ਵਰਿੰਦਰ ਕੁਮਾਰ ਸ਼ਰਮਾ, ਆਈ.ਏ.ਐਸ. ਜਿਲ੍ਹਾ ਮੈਜਿਸਟਰੇਟ ਜਲੰਧਰ, ਲੋਕ ਹਿਤ ਨੂੰ ਧਿਆਨ ਵਿੱਚ ਰੱਖਦੇ ਹੋਏ ਜਿਲ੍ਹਾ ਜਲੰਧਰ ਦੀ ਹਦੂਦ ਅੰਦਰ ਹੇਠ ਲਿਖੀਆਂ ਜਰੂਰੀ ਵਸਤਾਂ ਦੀ ਸਪਲਾਈ ਤੇ ਹੇਠ ਲਿਖੇ ਸਮੇਂ ਅਨੁਸਾਰ ਕਰਫਿਊ ਤੋਂ ਛੋਟ ਦਿੰਦਾ ਹਾਂ:

1. ਸਮੂਹ ਆਲੂ ਉਤਪਾਦਕ ਕਿਸਾਨ ਜਿਲ੍ਹਾ ਜਲੰਧਰ ਯਕੀਨੀ ਬਣਾਉਣਗੇ ਕਿ ਆਲੂ ਦੀ ਪਟਾਈ ਦਾ ਕੰਮ ਪਿੰਡ ਵਿੱਚ ਮੌਜੂਦ ਲੇਬਰ ਤੋਂ ਹੀ ਕਰਵਾਇਆ ਜਾਵੇ। ਖੇਤਾ ਵਿੱਚ ਕੰਮ ਕਰਦੇ ਸਮੇਂ ਜਾਂ ਲੋਡਿੰਗ ਅਨਲੋਡਿੰਗ ਕਰਦੇ ਸਮੇਂ 10 ਤੋਂ ਵੱਧ ਮਜਦੂਰ ਇੱਕ ਸਥਾਨ ਤੇ ਇੱਕਠੇ ਨਹੀ ਹੋਣਗੇ ਅਤੇ ਕੰਮ ਕਰਦੇ ਸਮੇਂ ਦੌਰਾਨ ਆਪਸ ਵਿੱਚ 1 ਮੀਟਰ ਤੋਂ ਵੱਧ ਦੀ ਦੂਰੀ ਬਣਾ ਕੇ ਰੱਖਣਗੇ। ਕੰਮ ਕਰਦੀ ਲੇਬਰ ਅਤੇ ਉਹਨਾਂ ਦੇ ਪਰਿਵਾਰ ਨੂੰ ਨਿੱਤ ਵਰਤੋਂ ਯੋਗ ਰਾਸ਼ਨ, ਸੈਨੀਟਾਈਜਰ, ਮਾਸਕ ਆਦਿ ਮੁਹਈਆ ਕਰਵਾਉਣ ਦੀ ਜਿੰਮੇਵਾਰੀ ਸਬੰਧਤ ਆਲੂ ਉਤਪਾਦਕ ਕਿਸਾਨ ਦੀ ਹੋਵੇਗੀ। ਆਲੂ ਉਤਪਾਦਕਾ ਨੂੰ ਆਲੂ ਕੋਲਡ ਸਟੋਰ ਜਾਂ ਮੰਡੀ ਤੱਕ ਲੈ ਜਾਣ ਦੀ ਆਗਿਆ ਦਿੱਤੀ ਜਾਂਦੀ ਹੈ। ਆਲੂਆਂ ਦੀ ਟਰਾਲੀ/ਟਰੱਕ/ਰੇਹੜੇ ਲਈ ਕਿਸੇ ਵੀ ਪਾਸ ਦੀ ਲੋੜ ਨਹੀਂ ਹੋਵੇਗੀ।
2. ਸਮੂਹ ਸਬਜੀ ਅਤੇ ਫੱਲ ਉਤਪਾਦਕਾ ਨੂੰ ਫੱਲ/ਸਬਜੀ ਤੋੜਨ ਲਈ ਖੇਤਾ ਵਿੱਚ ਕੰਮ ਕਰਦੇ ਸਮੇਂ ਜਾਂ ਲੋਡਿੰਗ ਅਨਲੋਡਿੰਗ ਕਰਦੇ ਸਮੇਂ 10 ਤੋਂ ਵੱਧ ਮਜਦੂਰ ਇੱਕ ਸਥਾਨ ਤੇ ਇੱਕਠੇ ਨਹੀ ਹੋਣਗੇ ਅਤੇ ਕੰਮ ਕਰਦੇ ਸਮੇਂ ਦੌਰਾਨ ਆਪਸ ਵਿੱਚ 1 ਮੀਟਰ ਤੋਂ ਵੱਧ ਦੀ ਦੂਰੀ ਬਣਾ ਕੇ ਰੱਖਣਗੇ। ਕੰਮ ਕਰਦੀ ਲੇਬਰ ਅਤੇ ਉਹਨਾਂ ਦੇ ਪਰਿਵਾਰ ਨੂੰ ਨਿੱਤ ਵਰਤੋਂ ਯੋਗ ਰਾਸ਼ਨ, ਸੈਨੀਟਾਈਜਰ, ਮਾਸਕ ਆਦਿ ਮੁਹਈਆ ਕਰਵਾਉਣ ਦੀ ਜਿੰਮੇਵਾਰੀ ਸਬੰਧਤ ਕਿਸਾਨ ਦੀ ਹੋਵੇਗੀ। ਫੱਲ/ਸਬਜੀਆਂ ਦੀ ਟਰਾਲੀ/ਟਰੱਕ/ਰੇਹੜੇ ਲਈ ਕਿਸੇ ਵੀ ਪਾਸ ਦੀ ਲੋੜ ਨਹੀਂ ਹੋਵੇਗੀ।
3. ਉਪਰੋਕਤ ਗੱਡੀਆਂ ਨੂੰ ਕਰਫਿਊ ਦੌਰਾਨ ਰੋਕਿਆ ਨਹੀਂ ਜਾਵੇਗਾ।

ਇਸ ਹੁਕਮ ਦਾ ਪ੍ਰਚਾਰ ਜਿਲ੍ਹਾ ਲੋਕ ਸੰਪਰਕ ਅਫਸਰ ਜਲੰਧਰ ਪ੍ਰਚਾਰ ਵੈਨ/ਦੂਰਦਰਸ਼ਨ/ਪ੍ਰੈਸ ਮਾਧਿਅਮ ਰਾਹੀਂ ਪ੍ਰਚਾਰ ਕਰਵਾ ਕੇ ਪੁਲਿਸ ਸਟੇਸ਼ਨਾ/ਨਗਰ ਨਿਗਮ/ਉਪ ਮੰਡਲ ਮੈਜਿਸਟਰੇਟਾਂ/ਤਹਿਸੀਲਦਾਰਾ ਅਤੇ ਸਦਰ ਮੁਕਾਮਾ ਦੇ ਨੋਟਿਸ ਬੋਰਡਾ ਦੇ ਇਸ ਹੁਕਮ ਦੀ ਨਕਲ ਚਸਪਾ ਕਰਕੇ ਲਾਗੂ ਕੀਤਾ ਜਾਵੇ।

ਇਹ ਹੁਕਮ ਮੇਰੇ ਹਸਤਾਖਰ ਅਤੇ ਮੋਹਰ ਅਦਾਲਤ ਨਾਲ ਮਿਤੀ 25/3/2020 ਨੂੰ ਜਾਰੀ ਕੀਤਾ ਗਿਆ।

ਜਿਲ੍ਹਾ ਮੈਜਿਸਟਰੇਟ
ਜਲੰਧਰ।
25/3/2020

ਜਿਲ੍ਹਾ ਮੈਜਿਸਟਰੇਟ ਜਲੰਧਰ

ਪਿਠ ਅੰਕਣ ਨੰ. 4031-4050/ਐਮ.ਸੀ.4/ਐਮ.ਏ ਮਿਤੀ- 25/03/2020

ਇਸ ਦਾ ਇਕ ਉਤਾਰਾ ਹੇਠ ਦਰਜ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ-

1. ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
2. ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ, ਚੰਡੀਗੜ੍ਹ।
3. ਡੀ.ਜੀ.ਪੀ, ਪੰਜਾਬ, ਚੰਡੀਗੜ੍ਹ।
4. ਕਮਿਸ਼ਨਰ ਜਲੰਧਰ ਮੰਡਲ, ਜਲੰਧਰ
5. ਜਿਲ੍ਹਾ ਅਤੇ ਸੈਸ਼ਨ ਜੱਜ, ਜਲੰਧਰ।
6. ਗ੍ਰਹਿ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
7. ਡਾਇਰੈਕਟਰ, ਜਨਰਲ ਪੁਲਿਸ, ਪੰਜਾਬ, ਚੰਡੀਗੜ੍ਹ।
8. ਡੀ.ਆਈ.ਜੀ ਪੁਲਿਸ ਜਲੰਧਰ ਰੇਂਜ ਜਲੰਧਰ।
9. ਕਮਿਸ਼ਨਰ ਆਫ ਪੁਲਿਸ ਜਲੰਧਰ ਅਤੇ ਸੀਨੀਅਰ ਪੁਲਿਸ ਕਪਤਾਨ (ਦਿਹਾਤੀ) ਜਲੰਧਰ
10. ਸਮੂਹ ਉਪ ਮੰਡਲ ਮੈਜਿਸਟਰੇਟ, ਜਿਲ੍ਹਾ ਜਲੰਧਰ।
11. ਕਮਿਸ਼ਨਰ ਨਗਰ ਨਿਗਮ, ਜਲੰਧਰ
12. ਸਹਾਇਕ ਆਬਕਾਰੀ ਤੇ ਕਰ ਕਮਿਸ਼ਨਰ ਦਫਤਰ, ਜਲੰਧਰ
13. ਜਿਲ੍ਹਾ ਕੰਟਰੋਲਰ, ਖੁਰਾਕ ਅਤੇ ਸਿਵਲ ਸਪਲਾਈ, ਜਲੰਧਰ
14. ਮੁੱਖ ਖੇਤੀਬਾੜੀ ਅਫਸਰ, ਜਲੰਧਰ
15. ਡਿਪਟੀ ਡਾਇਰੈਕਟਰ, ਡੇਅਰੀ, ਜਲੰਧਰ
16. ਜਿਲ੍ਹਾ ਅਟਾਰਨੀ ਜਲੰਧਰ
17. ਸਮੂਹ ਤਹਿਸੀਲਦਾਰ/ਨਾਇਬ ਤਹਿਸੀਲਦਾਰ, ਜਿਲ੍ਹਾ ਜਲੰਧਰ
18. ਜਿਲ੍ਹਾ ਲੋਕ ਸੰਪਰਕ ਅਫਸਰ, ਜਲੰਧਰ
19. ਸੁਪਰਡੰਟ ਗਰੇਡ-1, ਪੀ.ਏ. ਟੂ ਡੀ.ਐਮ., ਸਟੈਨੋ ਟੂ ਏ.ਡੀ.ਐਮ, ਸਟੈਨੋ ਟੂ ਏ.ਸੀ(ਜ), ਸਟੈਨੋ ਟੂ ਏ.ਸੀ(ਸ਼ਿ)

ਵਾ. ਜਿਲ੍ਹਾ ਮੈਜਿਸਟਰੇਟ
ਜਲੰਧਰ।
25/3

Scanned with CamScanner